ਰਾਗੁ ਮਲਾਰ ਮਹਲਾ ੫ ਚਉਪਦੇ ਘਰੁ ੨ ੧ੴ ਸਤਿਗੁਰ ਪ੍ਰਸਾਦਿ ॥ ਗੁਰਮੁਖਿ ਦੀਸੈ ਬ੍ਰਹਮ ਪਸਾਰੁ ॥ ਗੁਰਮੁਖਿ ਤ੍ਰੈ ਗੁਣੀਆਂ ਬਿਸਥਾਰੁ ॥ ਗੁਰਮੁਖਿ ਨਾਦ ਬੇਦ ਬੀਚਾਰੁ ॥ ਬਿਨੁ ਗੁਰ ਪੂਰੇ ਘੋਰ ਅੰਧਾਰੁ ॥੧॥ ਮੇਰੇ ਮਨ ਗੁਰੁ ਗੁਰੁ ਕਰਤ ਸਦਾ ਸੁਖੁ ਪਾਈਐ ॥ ਗੁਰ ਉਪਦੇਸਿ ਹਰਿ ਹਿਰਦੈ ਵਸਿਓ ਸਾਸਿ ਗਿਰਾਸਿ ਅਪਣਾ ਖਸਮੁ ਧਿਆਈਐ ॥੧॥ ਰਹਾਉ ॥ ਗੁਰ ਕੇ ਚਰਣ ਵਿਟਹੁ ਬਲਿ ਜਾਉ ॥ ਗੁਰ ਕੇ ਗੁਣ ਅਨਦਿਨੁ ਨਿਤ ਗਾਉ ॥ ਗੁਰ ਕੀ ਧੂੜਿ ਕਰਉ ਇਸਨਾਨੁ ॥ ਸਾਚੀ ਦਰਗਹ ਪਾਈਐ ਮਾਨੁ ॥੨॥ ਗੁਰੁ ਬੋਹਿਥੁ ਭਵਜਲ ਤਾਰਣਹਾਰੁ ॥ ਗੁਰਿ ਭੇਟਿਐ ਨ ਹੋਇ ਜੋਨਿ ਅਉਤਾਰੁ ॥ ਗੁਰ ਕੀ ਸੇਵਾ ਸੋ ਜਨੁ ਪਾਏ ॥ ਜਾ ਕਉ ਕਰਮਿ ਲਿਖਿਆ ਧੁਰਿ ਆਏ ॥ ੩ ॥ ਗੁਰੁ ਮੇਰੀ ਜੀਵਨਿ ਗੁਰੁ ਆਧਾਰੁ ॥ ਗੁਰੁ ਮੇਰੀ ਵਰਤਣਿ ਗੁਰੁ ਪਰਵਾਰੁ ॥ ਗੁਰੁ ਮੇਰਾ ਖਸਮੁ ਸਤਿਗੁਰ ਸਰਣਾਈ ॥ ਨਾਨਕ ਗੁਰੁ ਪਾਰਬ੍ਰਹਮੁ ਜਾ ਕੀ ਕੀਮ ਨ ਪਾਈ ॥੪॥੧॥੧੯॥ {ਪੰਨਾ 1270}

ਪਦ ਅਰਥ:- ਗੁਰਮੁਖਿ—ਗੁਰੂ ਦੇ ਸਨਮੁਖ ਰਿਹਾਂ। ਦੀਸੈ—ਦਿੱਸਦਾ ਹੈ। ਪਸਾਰੁ—ਖਿਲਾਰਾ। ਤ੍ਰੈ ਗੁਣੀਆਂ ਬਿਸਥਾਰੁ—ਤਿੰਨਾਂ ਗੁਣਾਂ ਦਾ ਖਿਲਾਰਾ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣਾ (ਹੀ)। ਨਾਦ ਬੇਦ ਬੀਚਾਰੁ—ਨਾਦ ਦਾ ਅਤੇ ਵੇਦ ਦਾ ਵੀਚਾਰ ਹੈ। ਘੋਰ ਅੰਧਾਰੁ—(ਆਤਮਕ ਜੀਵਨ ਵਲੋਂ) ਘੁੱਪ ਹਨੇਰਾ।1।

ਮਨ—ਹੇ ਮਨ! ਕਰਤ—ਕਰਦਿਆਂ, ਚੇਤੇ ਰੱਖਦਿਆਂ। ਪਾਈਐ—ਪ੍ਰਾਪਤ ਕਰੀਦਾ ਹੈ। ਗੁਰ ਉਪਦੇਸਿ—ਗੁਰੂ ਦੇ ਉਪਦੇਸ ਦੀ ਰਾਹੀਂ। ਹਿਰਦੈ—ਹਿਰਦੇ ਵਿਚ। ਸਾਸਿ—(ਹਰੇਕ) ਸਾਹ ਦੇ ਨਾਲ। ਗਿਰਾਸਿ—(ਹਰੇਕ) ਗਿਰਾਹੀ ਦੇ ਨਾਲ। ਧਿਆਈਐ—ਧਿਆਉਣਾ ਚਾਹੀਦਾ ਹੈ।1। ਰਹਾਉ।

ਵਿਟਹੁ—ਤੋਂ। ਬਲਿ ਜਾਉ—ਬਲਿ ਜਾਉਂ, ਮੈਂ ਸਦਕੇ ਜਾਂਦਾ ਹਾਂ। ਅਨਦਿਨੁ—(Anuidnz) ਹਰ ਰੋਜ਼, ਹਰ ਵੇਲੇ। ਗਾਉ—ਗਾਉਂ, ਮੈਂ ਗਾਂਦਾ ਹਾਂ। ਕਰਉ—ਕਰਉਂ, ਮੈਂ ਕਰਦਾ ਹਾਂ। ਸਾਚੀ—ਸਦਾ ਕਾਇਮ ਰਹਿਣ ਵਾਲੀ। ਮਾਨੁ—ਆਦਰ।2।

ਬੋਹਿਥੁ—ਜਹਾਜ਼। ਭਵਜਲ—ਸੰਸਾਰ-ਸਮੁੰਦਰ। ਤਾਰਣਹਾਰੁ—ਪਾਰ ਲੰਘਾ ਸਕਣ ਵਾਲਾ। ਗੁਰਿ ਭੇਟਿਐ—ਜੇ ਗੁਰੂ ਮਿਲ ਪਏ। ਅਉਤਾਰੁ—ਜਨਮ। ਕਰਮਿ—ਬਖ਼ਸ਼ਸ਼ ਦੀ ਰਾਹੀਂ। ਧੁਰਿ—ਧੁਰ ਦਰਗਾਹ ਤੋਂ।3।

ਜੀਵਨਿ—ਜ਼ਿੰਦਗੀ। ਆਧਾਰੁ—ਆਸਰਾ। ਵਰਤਣਿ—ਹਥ-ਠੋਕਾ, ਹਰ ਵੇਲੇ ਦਾ ਸਹਾਰਾ। ਖਸਮੁ—ਮਾਲਕ। ਜਾ ਕੀ—ਜਿਸ ਦੀ। ਕੀਮ—ਕੀਮਤ।4।

ਅਰਥ:- ਹੇ ਮੇਰੇ ਮਨ! ਗੁਰੂ ਨੂੰ ਹਰ ਵੇਲੇ ਯਾਦ ਕਰਦਿਆਂ ਸਦਾ ਆਤਮਕ ਆਨੰਦ ਮਾਣ ਸਕੀਦਾ ਹੈ। ਗੁਰੂ ਦੇ ਉਪਦੇਸ ਨਾਲ ਪਰਮਾਤਮਾ ਹਿਰਦੇ ਵਿਚ ਆ ਵੱਸਦਾ ਹੈ। ਹੇ ਮਨ! (ਗੁਰੂ ਦੀ ਸਰਨ ਪੈ ਕੇ) ਹਰੇਕ ਸਾਹ ਦੇ ਨਾਲ ਹਰੇਕ ਗਿਰਾਹੀ ਦੇ ਨਾਲ ਆਪਣੇ ਮਾਲਕ-ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ।1। ਰਹਾਉ।

ਹੇ ਭਾਈ! ਗੁਰੂ ਦੀ ਸਰਨ ਪਿਆਂ (ਇਹ ਸਾਰਾ ਜਗਤ) ਪਰਮਾਤਮਾ ਦਾ ਖਿਲਾਰਾ ਦਿੱਸਦਾ ਹੈ, ਗੁਰੂ ਦੀ ਸਰਨ ਪਿਆਂ (ਇਹ ਭੀ ਦਿੱਸ ਪੈਂਦਾ ਹੈ ਕਿ ਇਹ) ਮਾਇਆ ਦੇ ਤਿੰਨਾਂ ਗੁਣਾਂ ਦਾ ਖਿਲਾਰਾ ਹੈ। ਹੇ ਭਾਈ! ਗੁਰੂ ਦੀ ਸਰਨ ਪੈਣਾ ਹੀ (ਜੋਗੀਆਂ ਦੇ) ਨਾਦ ਦਾ (ਅਤੇ ਪੰਡਿਤਾਂ ਦੇ) ਵੇਦ ਦਾ ਵਿਚਾਰ ਹੈ। ਪੂਰੇ ਗੁਰੂ ਦੀ ਸਰਨ ਤੋਂ ਬਿਨਾ (ਆਤਮਕ ਜੀਵਨ ਵਲੋਂ) ਘੁੱਪ ਹਨੇਰਾ (ਬਣਿਆ ਰਹਿੰਦਾ) ਹੈ।1।

ਹੇ ਭਾਈ! ਮੈਂ ਗੁਰੂ ਦੇ ਚਰਨਾਂ ਤੋਂ ਕੁਰਬਾਨ ਜਾਂਦਾ ਹਾਂ, ਮੈਂ ਹਰ ਵੇਲੇ ਸਦਾ ਗੁਰੂ ਦੇ ਗੁਣ ਗਾਂਦਾ ਹਾਂ, ਮੈਂ ਗੁਰੂ ਦੇ ਚਰਨਾਂ ਦੀ ਧੂੜ ਵਿਚ ਇਸ਼ਨਾਨ ਕਰਦਾ ਹਾਂ। ਹੇ ਭਾਈ! (ਗੁਰੂ ਦੀ ਮਿਹਰ ਨਾਲ ਹੀ) ਸਦਾ ਕਾਇਮ ਰਹਿਣ ਵਾਲੀ ਦਰਗਾਹ ਵਿਚ ਆਦਰ ਹਾਸਲ ਕਰੀਦਾ ਹੈ।2।

ਹੇ ਭਾਈ! ਗੁਰੂ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਸਕਣ ਵਾਲਾ ਜਹਾਜ਼ ਹੈ। ਜੇ ਗੁਰੂ ਮਿਲ ਪਏ ਤਾਂ ਫਿਰ ਜੂਨਾਂ ਵਿਚ ਜਨਮ ਨਹੀਂ ਹੁੰਦਾ। ਪਰ ਉਹ ਮਨੁੱਖ (ਹੀ) ਗੁਰੂ ਦੀ ਸੇਵਾ (ਦਾ ਅਵਸਰ) ਪ੍ਰਾਪਤ ਕਰਦਾ ਹੈ, ਜਿਸ ਦੇ ਮੱਥੇ ਉੱਤੇ ਧੁਰ ਦਰਗਾਹ ਤੋਂ (ਪ੍ਰਭੂ ਦੀ) ਮਿਹਰ ਨਾਲ (ਇਹ ਲੇਖ) ਲਿਖਿਆ ਹੁੰਦਾ ਹੈ।3।

ਹੇ ਭਾਈ! ਗੁਰੂ (ਹੀ) ਮੇਰੀ ਜ਼ਿੰਦਗੀ ਹੈ, ਗੁਰੂ ਮੇਰਾ ਆਸਰਾ ਹੈ, ਗੁਰੂ ਹੀ ਮੇਰਾ ਹਰ ਵੇਲੇ ਦਾ ਸਹਾਰਾ ਹੈ, ਗੁਰੂ ਹੀ (ਮੇਰੇ ਮਨ ਨੂੰ ਢਾਰਸ ਦੇਣ ਵਾਲਾ) ਮੇਰਾ ਪਰਵਾਰ ਹੈ, ਗੁਰੂ ਮੇਰਾ ਰਾਖਾ ਹੈ, ਮੈਂ ਸਦਾ ਗੁਰੂ ਦੀ ਸਰਨ ਪਿਆ ਰਹਿੰਦਾ ਹਾਂ। ਹੇ ਨਾਨਕ! (ਆਖ—ਹੇ ਭਾਈ!) ਗੁਰੂ ਪਰਮਾਤਮਾ (ਦਾ ਰੂਪ) ਹੈ, ਜਿਸ ਦਾ ਮੁੱਲ ਨਹੀਂ ਪੈ ਸਕਦਾ।4।1। 19।